Dispatch No.I/23610/2020

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

109 ਲੋਕ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਰਾਹੀਂ ਉੱਤਰਾਖੰਡ ਲਈ ਰਵਾਨਾ

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਸਮੂਹ ਅਧਿਕਾਰੀਆਂ ਨੇ ਉੱਤਰਾਖੰਡ ਦੇ ਲੋਕਾਂ ਦੇ ਚੰਗੇ ਸਫ਼ਰ ਲਈ ਕਾਮਨਾ ਕਰਕੇ ਰਵਾਨਾ ਕੀਤਾ।

ਜ਼ਿਲਾ ਪ੍ਰਸ਼ਾਸਨ ਵੱਲੋਂ ਜਾ ਰਹੇ ਲੋਕਾਂ ਨੂੰ ਦੋ ਵਕਤ ਦਾ ਖਾਣਾ ਅਤੇ ਸੁੱਕੀ ਰਸਦ ਸਫ਼ਰ ਲਈ ਦਿੱਤੀ

ਫਰੀਦਕੋਟ 11 ਮਈ ( ) ਪੰਜਾਬ ਸਰਕਾਰ ਵੱਲੋਂ ਰਾਜ ਵਿਚ ਦੂਜੇ ਰਾਜਾਂ ਦੇ ਵਸਨੀਕਾਂ ਜੋ ਕਿ ਕਰਫਿਊ ਜਾਂ ਲਾਕਡਾਊਨ ਦੌਰਾਨ ਜ਼ਿਲੇ ਵਿਚ ਫਸ ਗਏ ਸਨ ਉਨਾਂ ਨੂੰ ਉਨਾਂ ਦੇ ਗ੍ਰਹਿ ਰਾਜਾਂ ਵਿਚ ਵਾਪਿਸ ਭੇਜਣ ਲਈ ਵੱਡੀ ਪੱਧਰ ਤੇ ਮੁਹਿੰਮ ਸ਼ੁਰੂ ਕੀਤੀ ਹੋਈ ਹੈ।ਜਿਸ ਤਹਿਤ ਦੇਰ ਸ਼ਾਮ ਫਰੀਦਕੋਟ ਜ਼ਿਲੇ ਵਿਚ ਉੱਤਰਾਖੰਡ ਰਾਜ ਨਾਲ ਸਬੰਧਤ ਵੱਡੀ ਗਿਣਤੀ ਵਿਚ ਉਥੋ ਦੇ ਵਸਨੀਕਾਂ ਨੂੰ ਉਨਾਂ ਦੇ ਗ੍ਰਹਿ ਰਾਜ ਵਿਚ ਵਾਪਸ ਭੇਜਿਆ ਗਿਆ ਹੈ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਵਲੋਂ ਅੱਜ 4 ਬੱਸਾਂ ਵਿਚ ਹਰਿਦੁਆਰ (ਉੱਤਰਾਖੰਡ) ਨਾਲ ਸਬੰਧਿਤ 109 ਲੋਕਾਂ ਨੂੰ ਰਵਾਨਾ ਕੀਤਾ ਗਿਆ ਜਿਥੋਂ ਉਹ ਆਪਣੇ ਆਪਣੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਾਣਗੇ। ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਇਸ ਮੌਕੇ ਦੱਸਿਆ ਕਿ ਇਨਾਂ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦੀ ਵੈਬ-ਸਾਈਟ ਤੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਗਿਆ ਸੀ ਅਤੇ ਸਬੰਧਤ ਐਸ ਡੀ ਐਮ ਦਫਤਰ ਵਿਚ ਇਸ ਸਬੰਧੀ ਅਰਜ਼ੀ ਦਿੱਤੀ ਸੀ ।ਜਿਸ ਉਪਰੰਤ ਸਿਹਤ ਵਿਭਾਗ ਦੀਆ ਵੱਖ ਵੱਖ ਟੀਮਾਂ ਵੱਲੋਂ ਇਨਾਂ ਦੀ ਥਰਮਲ ਸਕਰੀਨਿੰਗ ਤੋਂ ਇਲਾਵਾ ਸਿਹਤ ਜਾਂਚ ਕੀਤੀ ਗਈ ਅਤੇ ਇਹ ਸਾਰੇ ਹੀ 109 ਲੋਕ ਮੈਡੀਕਲ ਫਿੱਟ ਪਾਏ ਗਏ।

ਉਨਾਂ ਦੱਸਿਆ ਕਿ ਜਿਲ੍ਹਾ ਫਰੀਦਕੋਟ ਨਾਲ ਸਬੰਧਤ ਇਨਾਂ ਲੋਕਾਂ ਨੂੰ ਜੋ ਕਿ ਉੱਤਰਾਖੰਡ ਦੇ ਵਸਨੀਕ ਸਨ ਨੂੰ ਫਰੀਦਕੋਟ ਵਿਖੇ ਇੱਕਠਾ ਕੀਤਾ ਗਿਆ ਅਤੇ ਇਨਾਂ ਨੂੰ ਦੁਪਹਿਰ ਦਾ ਖਾਣਾ ਖਿਲਾਉਣ ਅਤੇ ਹੋਰ ਸੁੱਕਾ ਰਾਸ਼ਨ ਇਨਾਂ ਨੂੰ ਨਾਲ ਦਿੱਤਾ ਗਿਆ। ਡਿਪਟੀ ਕਮਿਸ਼ਨਰ ਨੇ ਇਨਾਂ ਸਮੂਹ ਦੇ ਨਾਗਰਿਕਾਂ ਨੂੰ ਇਥੋ ਰਵਾਨਾ ਕੀਤਾ ਅਤੇ ਉਨਾਂ ਦੇ ਚੰਗੇ ਸਫਰ ਲਈ ਸੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਮਜਦੂਰਾਂ ਵੱਲੋਂ ਪੰਜਾਬ ਸਰਕਾਰ ਤੇ ਜ਼ਿਲਾ ਪ੍ਰਸ਼ਾਸਨ ਫਰੀਦਕੋਟ ਵੱਲੋਂ ਉਨਾਂ ਨੂੰ ਵਾਪਸ ਉਨਾਂ ਦੇ ਰਾਜ ਵਿਚ ਭੇਜਣ ਅਤੇ ਉਨਾਂ ਨੂੰ ਸਫਰ ਦੀਆਂ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਐਸ.ਡੀ.ਐਮ. ਕੋਟਕਪੂਰਾ ਸ੍ਰੀ ਅਮਿਤ ਕੁਮਾਰ ਸਰੀਨ,ਤਹਿਸੀਲਦਾਰ ਪਰਮਜੀਤ ਸਿੰਘ ਬਰਾੜ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

Dispatch No. I/23687/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਬੈਂਕਾਂ ਨੂੰ ਰੋਜ਼ਾਨਾ ਖੋਲ੍ਹਣ ਦੀ ਪ੍ਰਵਾਨਗੀ

ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਪਬਲਿਕ ਡੀਲਿੰਗ ਕਰਨਗੇ ਬੈਂਕ

ਏ.ਟੀ.ਐਮ. ਸਵੇਰੇ 6 ਵਜੇ ਤੋਂ ਰਾਤ 8 ਵਜੇ ਤੱਕ ਖੁੱਲ੍ਹਣਗੇ

ਫਰੀਦਕੋਟ 11 ਮਈ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਨੇ ਜਿਲ੍ਹੇ ਵਿੱਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਤਾ ਦੇ ਵਿੱਚ ਪੰਜਾਬ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਬੈਂਕਾਂ ਨੂੰ ਰੋਜ਼ਾਨਾ ਸ਼ਰਤਾਂ ਸਹਿਤ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਜਿਲ੍ਹਾ ਫਰੀਦਕੋਟ ਦੇ ਸਾਰੇ ਬੈਂਕਾਂ ਦੇ ਏ.ਟੀ.ਐਮ. ਸਵੇਰੇ 6 ਵਜੇ ਤੋਂ ਰਾਤ 8 ਵਜੇ ਤੱਕ ਖੁੱਲ੍ਹਣਗੇ। ਉਨ੍ਹਾਂ ਕਿਹਾ ਕਿ ਜਿਲ੍ਹੇ ਦੀਆਂ ਸਾਰੀਆਂ ਬੈਂਕਾਂ ਰੋਜ਼ਾਨਾ ਖੁੱਲ੍ਹਣਗੀਆਂ ਅਤੇ ਇਸ ਸਮੇਂ ਦੌਂਰਾਨ ਉਹ ਪਬਲਿਕ ਡੀਲਿੰਗ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਕਰਨਗੇ। ਅਤੇ ਇਸ ਤੋਂ ਬਾਅਦ ਉਹ ਬੈਂਕ ਦੇ ਅੰਦਰੂਨੀ ਕੰਮ ਹੀ ਕਰ ਸਕਣਗੇ ਬੈਂਕ ਮੁਲਾਜਮਾਂ ਦਾ ਆਈ.ਡੀ. ਕਾਰਡ ਹੀ ਉਨ੍ਹਾਂ ਦਾ ਕਰਫਿਊ ਪਾਸ ਮੰਨਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕੋਵਿਡ 19 ਨੂੰ ਅੱਗੇ ਫੈਲਣ ਤੋਂ ਰੋਕਣ ਲਈ ਇਕ ਪੁਲਿਸ ਕਰਮਚਾਰੀ ਹਰ ਬੈਂਕ ਅਤੇ ਹਰ ਏ.ਟੀ.ਐਮ. ਦੇ ਅੱਗੇ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਭੀੜ ਤੇ ਕਾਬੂ ਪਾਇਆ ਜਾ ਸਕੇ।

ਸਾਰੇ ਬੈਂਕਾਂ ਦੇ ਮੈਨੇਜਰ ਇਹ ਯਕੀਨੀ ਬਣਾਉਣਗੇ ਕਿ ਕੰਮ ਦੌਂਰਾਨ 1 ਮੀਟਰ 1. 50 ਮੀਟਰ ਸਮਾਜਿਕ ਦੂਰੀਂ ਯਕੀਨੀ ਬਣਾਈ ਜਾਵੇ ਅਤੇ ਸਾਰੇ ਸਟਾਫ ਨੂੰ ਮਾਸਕ ਅਤੇ ਦਸਤਾਨੇ ਪਾਉਣੇ ਯਕੀਨੀ ਬਣਾਏ ਜਾਣ।

Dispatch No. I/23684/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਘਰ ਅਤੇ ਘਰ ਤੋਂ ਬਾਹਰ ਕਿਵੇਂ ਰਹੋ ਸੁਰੱਖਿਅਤ

ਰਾਜ ਸਰਕਾਰ ਵੱਲੋਂ ਖਾਣੇ ਅਤੇ ਘਰ ਦੀਆਂ ਹੋਰ ਜ਼ਰੂਰੀ ਵਸਤੂਆਂ ਦੀ ਸੁਰੱਖਿਆ ਅਤੇ ਸੰਭਾਲ ਸੰਬੰਧੀ ਐਡਵਾਇਜ਼ਰੀ ਜਾਰੀ-ਡਿਪਟੀ ਕਮਿਸ਼ਨਰ

ਦੁਕਾਨਦਾਰਾਂ, ਗਾਹਕਾਂ, ਡਿਲਵਰੀ ਸਟਾਫ ਖੱਪਤਕਾਰਾਂ, ਖਾਣਾ ਬਣਾਉਣ, ਸਪਲਾਈ ਕਰਨ, ਏਅਰ ਕੰਡੀਸ਼ਨਾਂ ਦੀ ਵਰਤੋਂ ਸਬੰਧੀ ਸਲਾਹ ਜਾਰੀ

ਫਰੀਦਕੋਟ, 11ਮਈ ( ) ਪੰਜਾਬ ਸਰਕਾਰ ਵੱਲੋਂ ਕਰੋਨਾ ਮਹਾਮਾਰੀ ਕਾਰਨ ਲੋਕਾਂ ਨੂੰ ਘਰ ਅਤੇ ਘਰ ਤੋਂ ਬਾਹਰ ਸੁਰੱਖਿਅਤ ਰਹਿਣ, ਖਾਣੇ ਅਤੇ ਹੋਰ ਜ਼ਰੂਰੀ ਵਸਤਾਂ ਦੀ ਸੁਰੱਖਿਆ ,ਸੰਭਾਲ ਸਬੰਧੀ ਸਮੇਂ-ਸਮੇਂ ਤੇ ਐਡਵਾਇਜ਼ਰੀ ਜਾਰੀ ਕੀਤੀਆਂ ਹਨੇ।ਇਨ੍ਹਾਂ ਅਡਵਾਇਜਰੀ /ਸਾਵਧਾਨੀਆਂ ਨੂੰ ਅਪਣਾ ਕੇ ਜਿੱਥੇ ਲੋਕ ਖੁਦ ਅਤੇ ਆਪਣੇ ਪਰਿਵਾਰ ਨੂੰ ਇਸ ਭਿਆਨਕ ਮਹਾਂਮਾਰੀ ਤੋਂ ਬਚਾ ਸਕਦੇ ਹਨ ਉੱਥੇ ਦੂਜੇ ਲੋਕਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰ ਸਕਦੇ ਹਨ ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਖਾਣੇ ਅਤੇ ਘਰ ਦੀਆਂ ਹੋਰ ਜ਼ਰੂਰੀ ਵਸਤੂਆਂ ਦੀ ਸੁਰੱਖਿਆ ਅਤੇ ਸੰਭਾਲ ਸੰਬੰਧੀ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ। ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੇ ਬਾਹਰ ਘੁੰਮਣ ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ।

ਦੁਕਾਨਦਾਰਾਂ, ਗਾਹਕਾਂ, ਡਿਲਵਰੀ ਸਟਾਫ ਲਈ ਨਿਰਦੇਸ਼/ ਸਲਾਹ

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਆਮ ਦਿਸ਼ਾ ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਦੁਕਾਨਦਾਰਾਂ, ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋ ਹਰ ਸਮੇਂ ਕੱਪੜੇ ਦਾ ਮਾਸਕ ਪਹਿਨ ਕੇ ਰੱਖਿਆ ਜਾਵੇਗਾ, ਭਾਵੇਂ ਉਹ ਸਮਾਨ ਖਰੀਦਣ ਲਈ ਜਾਂ ਆਰਡਰ ਲੈਣ ਲਈ ਕੇਵਲ ਕੁਝ ਸਮੇਂ ਲਈ ਹੀ ਅੰਦਰ ਹੋਣ। ਮਾਸਕ ਇਸ ਢੰਗ ਨਾਲ ਪਹਿਨਿਆ ਜਾਵੇ ਕਿ ਨੱਕ ਤੇ ਮੂੰਹ ਚੰਗੀ ਤਰਾਂ ਢੱਕਿਆ ਜਾਵੇ।ਕੱਪੜੇ ਦੇ ਮਾਸਕ ਨੂੰ ਰੋਜ਼ਾਨਾ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।ਦੁਕਾਨਦਾਰ, ਗ੍ਰਾਹਕ ਅਤੇ ਡਿਲਵਰੀ ਸਟਾਫ ਇੱਕ ਦੂਜੇ ਨਾਲ ਹੱਥ ਨਾ ਮਿਲਾਉਣ ਅਤੇ ਨਾ ਹੀ ਗਲੇ ਮਿਲਣ, ਭਾਵੇਂ ਕੋਈ ਜਾਣਕਾਰ ਹੀ ਹੋਵੇ।ਸਾਰਿਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਇੱਕ ਦੂਜੇ ਤੋਂ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਸਮਾਜਿਕ ਦੂਰੀ ਦੇ ਨਿਯਮਾਂ ਜਾਂ ਦੁਕਾਨਦਾਰ ਵੱਲੋਂ ਦੁਕਾਨ ਦੇ ਬਾਹਰ ਲਗਾਏ ਨਿਸ਼ਾਨਾ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਸਭ ਦੇ ਵੱਲੋਂ ਆਪਣੀ ਵਾਰੀ ਦੀ ਉਡੀਕ ਕੀਤੀ ਜਾਵੇ ਅਤੇ ਕਿਸੇ ਵੀ ਹਾਲਾਤ ਵਿਚ ਭੀੜ ਨਾ ਹੋਣ ਦਿੱਤੀ ਜਾਵੇ।

ਸਾਰੇ ਦੁਕਾਨਦਾਰ, ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਪੈਰਾਂ ਨਾਲ ਚੱਲਣ ਵਾਲੇ ਹੈਂਡ-ਵਾਸ਼ਿੰਗ ਸਟੇਸ਼ਨ (ਜੇ ਉਪਲੱਬਧ ਹੋਣ) ਦੀ ਵਰਤੋਂ ਕਰ ਕੇ ਹੱਥਾਂ ਨੂੰ ਸਾਫ ਕੀਤਾ ਜਾਵੇ।ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗਾ ਤੇ ਗੁੱਟਾਂ ਨੂੰ ਚੰਗੀ ਤਰਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ।ਇਸਦੇ ਨਾਲ ਹੀ ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਲੱਗੇ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ ਦੀ ਵਰਤੋਂ ਕੀਤੀ ਜਾਵੇ। ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਦੇ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ। ਗ੍ਰਾਹਕਾਂ ਅਤੇ ਡਿਲਵਰੀ ਸਟਾਫ ਵੱਲੋਂ ਦੁਕਾਨ/ਮਾਰਕਿਟ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ। ਜੇਕਰ ਕਿਸੇ ਵੀ ਗ੍ਰਾਹਕ/ਡਿਲਵਰੀ ਸਟਾਫ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।ਜੇਕਰ ਗ੍ਰਾਹਕ/ਡਿਲਵਰੀ ਸਟਾਫ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢੱਕੋ।ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।ਗ੍ਰਾਹਕ/ਡਿਲਵਰੀ ਸਟਾਫ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹਣ।

ਉਨਾਂ ਦੱਸਿਆ ਕਿ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਦੁਕਾਨਦਾਰ/ਗ੍ਰਾਹਕ/ਡਿਲਵਰੀ ਸਟਾਫ ਵੱਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਜਨਤਕ, ਧਾਰਮਿਕ, ਰਾਜਨੀਤਿਕ ਆਦਿ ਇਕੱਠ ਨਾ ਕੀਤਾ ਜਾਵੇ। ਗ੍ਰਾਹਕਾਂ ਵੱਲੋਂ ਡਿਜ਼ੀਟਲ ਭੁਗਤਾਨ ਨੂੰ ਪਹਿਲ ਦਿੱਤੀ ਜਾਵੇ। ਦੁਕਾਨਦਾਰ ਜਾਂ ਉਨਾਂ ਦੇ ਵਰਕਰਾਂ ਅਤੇ ਗ੍ਰਾਹਕ ਵੱਲੋਂ ਜੇਕਰ ਕਰੰਸੀ ਲੈਣ-ਦੇਣ (ਕੈਸ਼ ਟਰਾਂਸੇਕਸ਼ਨ) ਕੀਤਾ ਜਾਂਦਾ ਹੈ ਤਾਂ ਇਸਤੋਂ ਪਹਿਲਾਂ ਤੇ ਤੁਰੰਤ ਬਾਅਦ ਆਪਣੇ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ।ਦੁਕਾਨਦਾਰ/ ਗ੍ਰਾਹਕ/ਡਿਲਵਰੀ ਸਟਾਫ ਵੱਲੋਂ ਬਿਨਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਦੇ ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ।ਸਾਰਿਆਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ।

ਗ੍ਰਾਹਕਾਂ/ਖਪਤਕਾਰਾਂ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼ਾ/ਸਲਾਹ

ਉਨ੍ਹਾਂ ਕਿਹਾ ਕਿ ਖਪਤਕਾਰਾਂ ਵੱਲੋਂ ਸਮਾਨ ਖਰੀਦਣ ਲਈ ਆਪਣੇ ਘਰੋਂ ਹੀ ਕੱਪੜੇ ਦਾ ਥੈਲਾ ਲਿਆਂਦਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ। ਖਪਤਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਜਿਹੇ ਸਮਾਨ/ਚੀਜਾਂ ਨੂੰ ਸੋਡੇ ਵਾਲੇ ਕੋਸੇ ਪਾਣੀ ਨਾਲ ਧੋ ਲੈਣ ਅਤੇ ਬਾਅਦ ਵਿਚ ਸਾਫ ਕੱਪੜੇ ਨਾਲ

ਪੂੰਝ ਲੈਣ।ਖਾਣੇ ਦੀਆਂ ਸਾਰੀਆਂ ਵਸਤੂਆਂ ਨੂੰ ਸਾਫ ਤਾਜ਼ੇ ਪਾਣੀ ਨਾਲ ਧੋਤਾ ਜਾਵੇ। ਕੱਚੇ ਖਾਧੇ ਜਾਣ ਵਾਲੇ ਫ਼ਲ ਅਤੇ ਸਬਜ਼ੀਆਂ ਨੂੰ 50 ਪੀਪੀਐੱਮ ਕਲੋਰੀਨ ਅਤੇ ਤਾਜ਼ੇ ਪਾਣੀ ਨਾਲ ਧੋਤਾ ਜਾਵੇ।

ਗ੍ਰਾਹਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਕਿਸੇ ਵੀ ਖਰਾਬ ਹੋਏ / ਬਾਸੇ ਭੋਜਨ ਨੂੰ ਫਰਿੱਜ ਵਿੱਚ ਨਾ ਰੱਖਿਆ ਨਾ ਰੱਖਣ।ਗ੍ਰਾਹਕਾਂ ਵੱਲੋਂ ਆਪਣੇ ਫਰਿੱਜ ਨੂੰ ਸਮੇਂ-ਸਮੇਂ ਤੇ ਅੰਦਰੋਂ ਅਤੇ ਬਾਹਰੋਂ ਸਾਫ ਕੀਤਾ ਜਾਵੇ। ਕਿਸੇ ਵੀ ਕਰਿਆਨੇ ਦੇ ਸਮਾਨ ਜਾਂ ਖਾਣੇ ਦੀ ਡਿਲਵਰੀ ਲੈਣ ਸਮੇਂ ਖਪਤਕਾਰਾਂ ਵੱਲੋ ਸੁਰੱਖਿਆ ਦੇ ਲਈ ਡਿਜੀਟਲ ਪੇਮੈਂਟ ਨੂੰ ਤਰਜੀਹ ਦਿੱਤੀ ਜਾਵੇ ।ਖਪਤਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਪਕਾਈਆਂ ਹੋਈਆਂ ਖਾਣ ਵਾਲੀਆਂ ਚੀਜ਼ਾਂ ਜਾਂ ਖਾਣ ਲਈ ਤਿਆਰ ਚੀਜ਼ਾਂ ਨੂੰ ਖੁੱਲੇ ਵਿੱਚ ਨਾ ਛੱਡੋ। ਉਹ ਆਪਣੀਆਂ ਖਾਣ ਪੀਣ ਦੀਆਂ ਸਾਰੀਆਂ ਚੀਜ਼ਾਂ ਨੂੰ ਬੰਦ ਡੱਬਿਆਂ ਵਿੱਚ ਰੱਖਣ।

ਖਾਣਾ ਬਣਾਉਣ ਵਾਲਿਆਂ (ਫੂਡ ਹੋਲਡਰਾਂ) ਲਈ ਐਡਵਾਈਜ਼ਰੀ

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫੂਡ ਹੈਂਡਲਰਾਂ ਲਈ ਇਕ ਵਿਸੇਸ ਐਡਵਾਇਜਰੀ ਵਿਚ ਪੰਜਾਬ ਸਰਕਾਰ ਨੇ ਉਨਾਂ ਨੂੰ ਇਕ ਸਾਫ ਵਰਦੀ, ਦਸਤਾਨੇ, ਹਰ ਸਮੇਂ ਕੱਪੜੇ ਦੇ ਮਾਸਕ / ਚਿਹਰੇ ਦੇ ਢੱਕਣ ਅਤੇ ਸਿਰ ਢਕਣ ਲਈ ਕਿਹਾ। ਲਾਕਰ( ਜੇ ਕੋਈ ਹੈ) ਨਿੱਜੀ ਚੀਜਾਂ ਰੱਖਣ ਲਈ ਸਾਂਝਾ ਨਹੀਂ ਕੀਤਾ ਜਾਣਾ ਚਾਹੀਦਾ। ਫੂਡ ਹੈਂਡਲਰਾਂ ਨੂੰ ਆਪਣੇ ਹੱਥ ਅਕਸਰ ਸਾਬਣ ਅਤੇ ਪਾਣੀ ਨਾਲ ਧੋਣੇ ਚਾਹੀਦੇ ਹਨ। ਉਨਾਂ ਨੂੰ ਖਾਣੇ ਨੂੰ ਸੰਭਾਲਣ / ਤਿਆਰ ਕਰਨ ਵੇਲੇ ਦਸਤਾਨੇ ਪਹਿਨਣੇ ਚਾਹੀਦੇ ਹਨ ਅਤੇ ਖਾਣਾ ਬਣਾਉਣ ਵਾਲੀ ਥਾਂ ਵਿਖੇ ਗਹਿਣਿਆਂ, ਘੜੀਆਂ ਆਦਿ ਪਾਉਣ ਤੋਂ ਪਰਹੇਜ ਕਰਨਾ ਚਾਹੀਦਾ ਹੈ। ਉਨਾਂ ਨੂੰ ਭੋਜਨ ਤਿਆਰ ਕੀਤੇ ਜਾਣ ਤੋਂ ਬਾਅਦ ਭੋਜਨ ਸੇਵਾ ਖੇਤਰ ਨੂੰ ਸਾਫ ਅਤੇ ਰੋਗਾਣੂ ਮੁਕਤ ਕਰਨ ਦੇ ਨਿਰਦੇਸ ਦਿੱਤੇ ਗਏ ਹਨ। ਉਨਾਂ ਕਿਹਾ ਕਿ ਹੱਥ ਧੋਣ ਦੀ ਸਹੂਲਤ ਪ੍ਰਵੇਸ ਦੁਆਰ ‘ਤੇ ਉਪਲਬਧ ਹੋਣੀ ਚਾਹੀਦੀ ਹੈ, ਤਾਂ ਜੋ ਹੱਥਾਂ ਨੂੰ ਚੰਗੀ ਤਰਾਂ ਧੋਣ ਲਈ ਡਿਲਿਵਰੀ ਅਮਲੇ (ਵਸਤਾਂ ਚੁੱਕਣ ਦੀ ਸਥਿਤੀ ਸਮੇਂ) ਜਾਂ ਗਾਹਕ ਦੀ ਸਹਾਇਤਾ ਕੀਤੀ ਜਾ ਸਕੇ। ਹੱਥ ਧੋਣ ਦੀ ਵਾਰੀ ਦਾ ਇੰਤਜਾਰ ਕਰ ਰਹੇ ਵਿਅਕਤੀਆਂ ਲਈ ਹਰ ਸਮੇਂ ਸਾਬਣ ਦੀ ਉਪਲਬਧਤਾ ਅਤੇ ਘੱਟੋ ਘੱਟ 1 ਮੀਟਰ ਦੀ ਸਮਾਜਕ ਦੂਰੀ ਨੂੰ ਯਕੀਨੀ ਬਣਾਓ।

ਖਾਣਾ ਸਪਲਾਈ ਕਰਨ ਵਾਲੇ ਸਟਾਫ ਲਈ ਸਲਾਹ

ਫੂਡ ਡਿਲਿਵਰੀ ਸਟਾਫ ਲਈ ਖਾਸ ਸਲਾਹ ਵਿਚ ਪੰਜਾਬ ਸਰਕਾਰ ਨੇ ਫੂਡ ਡਿਲਿਵਰੀ ਅਮਲੇ ਨੂੰ ਹਦਾਇਤ ਕੀਤੀ ਹੈ ਕਿ ਖਾਣ ਪੀਣ ਦੇ ਸਮੇਂ ਅਤੇ ਖਾਣੇ ਦੀ ਡਿਲੀਵਰੀ ਕਰਨ ਵੇਲੇ ਸਾਫ ਕਪੜੇ ਦੇ ਮਾਸਕ ਨੂੰ ਹਰ ਸਮੇਂ ਇਸਤੇਮਾਲ ਕੀਤਾ ਜਾਵੇ। ਵਰਤੋਂ ਤੋਂ ਬਾਅਦ ਕੱਪੜੇ ਦੇ ਮਾਸਕ ਨੂੰ ਰੋਜ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਭੋਜਨ ਡਿਲੀਵਰੀ ਕਰਨ ਵਾਲੇ ਕਰਮਚਾਰੀਆਂ ਨੂੰ ਖਾਧ ਪਦਾਰਥਾਂ ਨੂੰ ਚੁੱਕਣ ਤੋਂ ਪਹਿਲਾਂ ਅਤੇ ਡਿਲਿਵਰੀ ਤੋਂ ਬਾਅਦ ਨਿਰਧਾਰਤ ਢੰਗ ਅਨੁਸਾਰ ਹੈਂਡ ਸੈਨੀਟਾਈਜਰ ਦੀ ਵਰਤੋਂ ਕਰਨੀ ਚਾਹੀਦੀ ਹੈ।

ਇਸ ਐਡਵਾਇਜਰੀ ਵਿਚ ਪੰਜਾਬ ਸਰਕਾਰ ਨੇ ਸਾਰੇ ਵਿਕਰੀ ਕੇਂਦਰਾਂ, ਦੁਕਾਨਾਂ, ਕੰਟੀਨਾਂ ਆਦਿ ਵਿਚ ਕਰਾਸ-ਵੈਨਟੀਸਨ ਲਈ ਲੋੜੀਂਦੀਆਂ ਸਹੂਲਤਾਂ ਜਿਵੇਂ ਐਗਜਾਸਟ ਫੈਨ ਆਦਿ ਦੀ ਮੰਗ ਕੀਤੀ ਹੈ।

ਉਨਾਂ ਕਿਹਾ ਕਿ ਜੇ ਫੂਡ ਹੈਂਡਲਰਾਂ / ਡਿਲਿਵਰੀ ਸਟਾਫ ਵਿਚੋਂ ਕੋਈ ਕਰਮਚਾਰੀ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਕੋਵਿਡ-19 ਦੀ ਪੁਸ਼ਟੀ ਹੋਈ ਹੈ ਅਤੇ ਜੇਕਰ ਕੋਈ ਹੋਰ ਵਿਅਕਤੀ ਉਸਦੇ ਸੰਪਰਕ ਵਿੱਚ ਆਇਆ ਹੈ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸੰਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 'ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ। ਜੇਕਰ ਕਿਸੇ ਸਟਾਫ/ਮੈਨਪਾਵਰ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋ ਜਾਂਦੀ ਹੈ ਤਾਂ ਮਾਲਕ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਹੈ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0 172-2920074 / 08872090029 'ਤੇ ਕਾਲ ਕਰਕੇ ਪੀੜਿਤ ਸਟਾਫ਼/ਮੈਨਪਾਵਰ ਦੇ ਦਫ਼ਤਰ ਵਿੱਚ ਆਉਣ ਦੇ ਦਿਨਾਂ ਬਾਰੇ ਅਤੇ ਉਸਦੇ ਸੰਪਰਕ ਵਿੱਚ ਆਏ ਹੋਰ ਲੋਕਾਂ ਬਾਰੇ ਤੁਰੰਤ ਜਾਣਕਾਰੀ ਦੇਣ। ਸਧਾਰਣ ਦਿਸਾ-ਨਿਰਦੇਸਾਂ ਵਿਚ ਦੁਕਾਨਦਾਰਾਂ ਨੂੰ ਕਿਹਾ ਜਾਂਦਾ ਹੈ ਕਿ ਉਹ ਆਪਣੀਆਂ ਦੁਕਾਨਾਂ ਦੀ ਕਿਸਮ ਮੁਤਾਬਕ ਸਰਕਾਰ ਵਲੋਂ ਜਾਰੀ ਦਿਸਾ-ਨਿਰਦੇਸ਼ਾਂ ਦਾ ਬਾਰੀਕੀ ਨਾਲ ਪਾਲਣ ਕਰਨ ਅਤੇ ਇਨਾਂ ਦਿਸਾ-ਨਿਰਦੇਸਾਂ ਵਿਚ ਨਿਰਧਾਰਤ ਸਟੈਂਡਰਡ ਓਪਰੇਟਿੰਗ ਵਿਧੀ ਦੀ ਪਾਲਣਾ ਕਰਨ ਦੀ ਹਦਾਇਤ ਹੈ। ਦੁਕਾਨਦਾਰਾਂ ਦੀਆਂ ਐਸੋਸੀਏਸਨਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦੁਕਾਨਦਾਰਾਂ / ਉਨਾਂ ਦੇ ਵਰਕਰਾਂ ਅਤੇ ਆਉਣ ਵਾਲੇ ਗਾਹਕਾਂ ਦੇ ਲਾਭ ਲਈ ਪੈਰ ਨਾਲ ਚੱਲਣ ਵਾਲੇ ਹੱਥ ਧੋਣ ਦੀਆਂ ਸਟੇਸ਼ਨ ਸਥਾਪਤ ਕਰਨ। ਵਾਰੀ ਸਿਰ ਹੱਥ ਧੋਣ ਲਈ ਅਜਿਹੇ ਸਟੇਸਨਾਂ ਦੇ ਅੱਗੇ ਵਰਗ, ਚੱਕਰ ਆਦਿ ਦੇ ਨਿਸਾਨ ਲਗਾ ਕੇ ਘੱਟੋ ਘੱਟ 1 ਮੀਟਰ ਦੀ ਦੂਰੀ ਬਣਾਈ ਰੱਖਣ ਦੇ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਕੀਤੀ ਜਾਏਗੀ।

ਏਅਰ ਕੰਡੀਸ਼ਨ ਦੀ ਵਰਤੋਂ ਸਬੰਧੀ ਸਲਾਹ/ਨਿਰਦੇਸ਼

ਉਨਾਂ ਕਿਹਾ ਕਿ ਏਅਰ ਕੰਡੀਸਨਿੰਗ ਦੀ ਵਰਤੋਂ ਸੰਬੰਧੀ ਇਸ ਐਡਵਾਇਜ਼ਰੀ ਵਿਚ ਇਹ ਨਿਰਦੇਸ਼ ਦਿੱਤਾ ਗਿਆ ਹੈ ਕਿ ਕਮਰਾ ਏਅਰ ਕੰਡੀਸ਼ਨਰਜ ਦੁਆਰਾ ਠੰਡੀ ਹਵਾ ਦੇ ਰੀਸਰਕੁਲੇਸ਼ਨ ਦੇ ਨਾਲ ਖਿੜਕੀਆਂ ਖੁੱਲੀਆਂ ਰੱਖਕੇ ਬਾਹਰਲੀ ਹਵਾ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਕੁਦਰਤੀ ਢੰਗ ਨਾਲ ਨਿਕਾਸ ਹੋਣਾ ਲਾਜਮੀ ਹੈ। ਕਮਰੇ ਦਾ ਤਾਪਮਾਨ 24-27 ਡਿਗਰੀ ਸੈਲਸੀਅਸ ਦੇ ਵਿਚਕਾਰ ਨਿਰਧਾਰਤ ਕੀਤਾ ਜਾਣਾ ਚਾਹੀਦਾ ਹੈ ਅਤੇ ਅਨੁਪਾਤ ਨਮੀ 40% - 70% ਦੇ ਵਿਚਕਾਰ ਬਣਾਈ ਰੱਖਣੀ ਚਾਹੀਦੀ ਹੈ। ਉਨਾਂ ਕਿਹਾ ਕਿ ਏਅਰ ਕੰਡੀਸ਼ਨਰਾਂ ਦੀ ਅਕਸਰ ਮੁਰੰਮਤ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਫਿਲਟਰ ਸਾਫ ਸੁਥਰੇ ਰਹਿ ਸਕਣ। ਕਮਰਿਆਂ ਵਿੱਚ ਵੱਡੀ ਗਿਣਤੀ ਵਿੱਚ ਵਿਅਕਤੀਆਂ ਦੀ ਮੌਜੂਦਗੀ ਦੌਰਾਨ ਨਿਕਾਸੀ ਪੱਖੇ ਸਥਾਪਤ ਕੀਤੇ ਜਾ ਸਕਦੇ ਹਨ ਤਾਂ ਜੋ ਕਮਰੇ ਵਿੱਚ ਤਾਜੀ ਹਵਾ ਦੇ ਪ੍ਰਵੇਸ ਨੂੰ ਯਕੀਨੀ ਬਣਾਇਆ ਜਾ ਸਕੇ। ਕਮਰੇ ਦੇ ਅੰਦਰ ਘੁੰਮਦੀ ਹਵਾ ਅਕਸਰ ਬਾਹਰ ਕੱਢੀ ਜਾਣੀ ਚਾਹੀਦੀ ਹੈ। ਉਨਾਂ ਕਿਹਾ ਕਿ ਬਾਕਾਇਦਾ ਵਾਯੂ ਕੂਲਰਾਂ ਨੂੰ ਨਿਯਮਤ ਅੰਤਰਾਲਾਂ ਤੇ ਸਾਫ ਅਤੇ ਰੋਗਾਣੂ ਮੁਕਤ ਕੀਤਾ ਜਾਣਾ ਚਾਹੀਦਾ ਹੈ। ਪਾਣੀ ਦੀ ਟੈਂਕੀ ਨੂੰ ਖਾਲੀ ਕੀਤਾ ਜਾਣਾ ਚਾਹੀਦਾ ਹੈ ਅਤੇ ਫਿਰ ਨਰਮ ਕੱਪੜੇ, ਸਪੰਜ ਅਤੇ ਗਰਮ ਪਾਣੀ ਨਾਲ ਪੂੰਝਿਆ ਜਾਣਾ ਚਾਹੀਦਾ ਹੈ ਤਾਂ ਜੋ ਪੁਰਾਣੀ ਸਫਾਈ ਤੋਂ ਬਾਅਦ ਦੀ ਰਹਿੰਦ-ਖੂੰਹਦ ਨੂੰ ਖਤਮ ਕੀਤਾ ਜਾ ਸਕੇ। ਪੱਖਿਆਂ ਨੂੰ ਕੁਝ ਹੱਦ ਤਕ ਖੁੱਲੀਆਂ ਖਿੜਕੀਆਂ ਨਾਲ ਚਲਾਇਆ ਜਾਣਾ ਚਾਹੀਦਾ ਹੈ।

Dispatch No. I/23716/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਬਿਜਲੀ ਦੇ ਬਿੱਲ ਭਰਨ ਲਈ ਪੀ.ਐਸ.ਪੀ.ਸੀ.ਐਲ ਨੂੰ ਖੋਲ੍ਹਣ ਦੀ ਪ੍ਰਵਾਨਗੀ

ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਬਿਜਲੀ ਦੇ ਬਿੱਲ ਭਰੇ ਜਾਣਗੇ-ਜਿਲ੍ਹਾ ਮੈਜਿਸਟ੍ਰੇਟ

ਕੰਮ ਦੌਰਾਨ ਕਰਮਚਾਰੀ/ਅਧਿਕਾਰੀ  ਸਮਾਜਿਕ ਦੂਰੀ ਯਕੀਨੀ ਬਣਾਉਣਗੇ

ਫਰੀਦਕੋਟ 11 ਮਈ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ. ਨੇ ਜਿਲ੍ਹੇ ਵਿੱਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਤਾ ਦੇ ਵਿੱਚ ਪੰਜਾਬ ਸਰਕਾਰ ਦੇ ਪਾਵਰ ਵਿਭਾਗ ਵੱਲੋਂ ਜਾਰੀ ਹਦਾਇਤਾ ਅਨੁਸਾਰ ਪੀ.ਐਸ.ਪੀ.ਸੀ.ਐਲ. ਨੂੰ ਬਿਜਲੀ ਦੇ ਬਿੱਲ ਭਰਵਾਉਣ ਲਈ ਰੋਜ਼ਾਨਾ ਸ਼ਰਤਾਂ ਸਹਿਤ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਬਿਜਲੀ ਦੇ ਬਿੱਲ ਭਰਨ ਲਈ ਪੀ.ਐਸ.ਪੀ.ਸੀ.ਐਲ. ਦੇ ਕੈਸ਼ ਕੁਲੈਕਟਰ ਕਾਊਂਟਰਜ਼  ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਖੁੱਲ੍ਹੇ ਰਹਿਣਗੇ।ਉਨ੍ਹਾਂ ਕਿਹਾ ਕਿ ਬਿਜਲੀ ਦੇ ਮੀਟਰ ਰੀਡ ਕਰਨ ਲਈ ਸਾਰੇ ਮੀਟਰ ਰੀਡਰ ਜਿਲ੍ਹਾ ਫਰੀਦਕੋਟ ਵਿੱਚ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਮੀਟਰ ਦੀ ਰੀਡਿੰਗ ਕਰ ਸਕਦੇ ਹਨ ।ਉਹ ਮੀਟਰ ਦੀ ਰੀਡਿੰਗ ਕਰਨ ਸਮੇਂ ਮਾਸਕ ਅਤੇ ਦਸਤਾਨੇ ਪਾਉਣੇ ਯਕੀਨੀ ਬਣਾਉਣਗੇ।ਉਨ੍ਹਾਂ ਕਿਹਾ ਕਿ ਮਹਿਕਮੇ ਵੱਲੋਂ ਜਾਰੀ ਆਈ.ਕਾਰਡ ਹੀ ਕਰਫਿਊ ਪਾਸ ਸਮਝਿਆ ਜਾਵੇਗਾ।ਉਨ੍ਹਾਂ ਕਿਹਾ ਕਿ ਕੋਵਿਡ 19 ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਇਕ ਪੁਲਿਸ ਕਰਮਚਾਰੀ ਬਿੱਲ ਭਰਨ ਵਾਲੀਆਂ ਥਾਵਾਂ ਤੇ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਭੀੜ ਤੇ ਕਾਬੂ ਪਾਇਆ ਜਾ ਸਕੇ।

ਜਾਰੀ ਹੁਕਮਾਂ ਅਨੁਸਾਰ ਐਕਸੀਅਨ ਬਿਜਲੀ ਬੋਰਡ ਇਹ ਯਕੀਨੀ ਬਣਾਉਣਗੇ ਕਿ ਕੰਮ ਦੌਰਾਨ ਕਰਮਚਾਰੀ/ਅਧਿਕਾਰੀ 1 ਮੀਟਰ ਤੋਂ 1.50 ਮੀਟਰ ਦੀ ਸਮਾਜਿਕ ਦੂਰੀ ਯਕੀਨੀ ਬਣਾਈ ਜਾਵੇ ਅਤੇ ਸਾਰੇ ਸਟਾਫ ਨੂੰ ਮਾਸਕ ਅਤੇ ਦਸਤਾਨੇ ਪਾਉਣੇ, ਸੈਨੇਟਾਈਜਰ ਦੀ ਵਰਤੋਂ ਯਕੀਨੀ ਕੀਤੀ ਜਾਵੇ।

Dispatch No. I/23726/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ ਦੇ ਇੱਕ ਵਿਅਕਤੀ ਦੀ ਲੁਧਿਆਣਾ ਵਿਖੇ ਆਈ ਰਿਪੋਰਟ ਕੋਰੋਨਾ ਪਾਜ਼ੇਟਿਵ

ਪਾਜ਼ੇਟਿਵ ਆਏ ਵਿਅਕਤੀ ਦੇ ਸੰਪਰਕ 'ਚ ਫਰੀਦਕੋਟ 6 ਵਿਅਕਤੀਆਂ ਦੇ ਲਏ ਸੈਂਪਲ

ਫਰੀਦਕੋਟ 11 ਮਈ ( ) ਸਿਹਤ ਮੰਤਰੀ ਬਲਵੀਰ ਸਿੰਘ ਸਿੱਧੂ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ ਏ ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਅੰਦਰ ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਸਥਾਪਿਤ ਫਲੂ ਕਾਰਨਾਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦਾ ਇਕਾਂਤਵਾਸ ਸੈਂਟਰਾਂ ਵਿੱਚ ਮੈਡੀਕਲ ਸਕਰੀਨਿੰਗ ਅਤੇ ਕੋਵਿਡ-19 ਦੇ ਸੈਂਪਲ ਲੈਣ ਦਾ ਕੰਮ ਲਗਾਤਾਰ ਜਾਰੀ ਹੈ ਅਤੇ ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਅੱਜ 290 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈ ਹੈ ਜਦ ਕਿ ਫਰੀਦਕੋਟ ਦੇ 1 ਵਿਅਕਤੀ ਦੀ ਲੁਧਿਆਣਾ ਵਿਖੇ ਕੋਰੋਨਾ ਪਾਜ਼ੇਟਿਵ ਹੋਣ ਦੀ ਪੁਸ਼ਟੀ ਹੋਈ ਹੈ। ਸਿਹਤ ਵਿਭਾਗ ਦੀ ਟੀਮ ਨੇ ਇਸ ਪਾਜ਼ੇਟਿਵ ਆਏ ਵਿਅਕਤੀ ਦੇ ਸੰਪਰਕ ਵਿੱਚ ਆਏ 6 ਵਿਅਕਤੀਆਂ ਦੇ ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜ ਦਿੱਤੇ ਹਨ ਅਤੇ ਲੁਧਿਆਣਾ ਵਿੱਚ ਫਰਦਿਕੋਟ ਦੇ ਇਸ ਕੋਰੋਨਾ ਪਾਜ਼ੇਟਿਵ ਮਰੀਜ਼ ਦੇ ਸੰਪਰਕ ਵਿੱਚ ਆਏ ਵਿਅਕਤੀ ਸਬੰਧੀ ਜਾਣਕਾਰੀ ਅਤੇ ਸੰਪਰਕ ਵਿੱਚ ਆਇਆਂ ਬਾਰੇ ਜਾਣਕਾਰੀ ਇਕੱਤਰ ਕਰਨ ਲਈ ਪੱਤਰ-ਵਿਹਾਰ ਕਰ ਦਿੱਤਾ ਹੈ। ਡਾ.ਰਜਿੰਦਰ ਨੇ ਦੱਸਿਆ ਕਿ ਅੱਜ ਤੱਕ ਸਿਹਤ ਵਿਭਾਗ ਵੱਲੋਂ 2806 ਸੈਂਪਲ ਇਕੱਤਰ ਕੀਤੇ ਗਏ ਹਨ,ਜਿੰਨਾਂ ਵਿੱਚੋਂ 2130 ਦੀ ਰਿਪੋਰਟ ਨੈਗੇਟਿਵ ਆਈ ਹੈ। ਪਰ ਲੁਧਿਆਣਾ ਵਿਖੇ ਫਰੀਦਕੋਟ ਦੇ 1 ਕੋਰੋਨਾ ਪਾਸੇਟਿਵ ਮਰੀਜ਼ ਨੂੰ ਡੀ.ਐਮ.ਸੀ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ ਤੇ ਹੁਣ ਫਰੀਦਕੋਟ ਐਕਟਿਵ ਮਰੀਜ਼ਾਂ ਦੀ ਗਿਣਤੀ 43 ਹੋ ਗਈ ਹੈ। 42 ਪਾਜ਼ੇਟਿਵ ਆਏ ਮਰੀਜ਼ਾਂ ਨੂੰ ਸਥਾਨਕ ਜੀ.ਜੀ.ਐਸ ਮੈਡੀਕਲ ਹਸਪਤਾਲ ਫਰੀਦਕੋਟ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਜੇਰੇ ਇਲਾਜ ਹਨ। ਡਾ.ਰਜਿੰਦਰ ਨੇ ਕਿਹਾ ਕਿ ਮਾਨਯੋਗ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਬਾਹਰਲੇ ਸੂਬੇ ਤੋਂ ਆਏ ਵਿਅਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ ਸਹਿਣ,ਖਾਣ-ਪੀਣ, ਮੈਡੀਕਲ ਜਾਂਚ ਅਤੇ ਸੈਂਪਲ ਇੱਤਰ ਕਰਨ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ।ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਇਕਾਂਤਵਾਸ ਵਿੱਚ ਰਹਿ

ਰਹੇ ਵਿਅਕਤੀਆਂ ਨੂੰ ਇੱਕ ਦੂਸਰੇ ਦਾ ਸਮਾਨ ਜਾਂ ਕੋਈ ਵਸਤੂ ਸ਼ੇਅਰ ਨਾ ਕਰਨ ਦੀ ਹਦਾਇਤ ਕੀਤੀ ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਸਰਕਾਰ ਦੀਆਂ ਅਡਵਾਇਜ਼ਰੀਆਂ ਦੀ ਪਾਲਣਾ ਕਰਨ ਦੀ ਅਪੀਲ ਵੀ ਕੀਤੀ।